# Telephonic conversation between Prime Minister and President of Sri Lanka and Prime Minister of Sri Lanka

September 17, 2020

---

## ਪ੍ਰਧਾਨ ਮੰਤਰੀ, ਸ਼੍ਰੀ ਲੰਕਾ ਦੇ ਰਾਸ਼ਟਰਪਤੀ ਅਤੇ ਸ਼੍ਰੀ ਲੰਕਾ ਦੇ ਪ੍ਰਧਾਨ ਮੰਤਰੀ ਦਰਮਿਆਨ ਹੋਈ ਟੈਲੀਫੋਨ 'ਤੇ ਗੱਲਬਾਤ

17 ਸਤੰਬਰ, 2020

ਸ਼੍ਰੀ ਲੰਕਾ ਦੇ ਰਾਸ਼ਟਰਪਤੀ ਮਹਾਮਹਿਮ ਗੋਤਾਬਾਇ ਰਾਜਪਕਸ਼ੇ ਅਤੇ ਸ਼੍ਰੀ ਲੰਕਾ ਦੇ ਪ੍ਰਧਾਨ ਮੰਤਰੀ ਮਹਾਮਹਿਮ ਸ਼੍ਰੀ ਮਹਿੰਦਰਾ ਰਾਜਪਕਸ਼ੇ ਨੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਜਨਮਦਿਨ ਦੇ ਮੌਕੇ 'ਤੇ ਸ਼ੁਭ ਕਾਮਨਾਵਾਂ ਦੇਣ ਲਈ ਅੱਜ ਸਵੇਰੇ ਉਨ੍ਹਾਂ ਨਾਲ ਫੋਨ 'ਤੇ ਗੱਲਬਾਤ ਕੀਤੀ।

ਦੋਨਾਂ ਸ਼੍ਰੀ ਲੰਕਾਈ ਆਗੂਆਂ ਨੇ ਗੁਆਂਢੀ ਮੁਲਕਾਂ ਵਿਚਾਲੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਪ੍ਰਤੀ ਆਪਣੀ ਦ੍ਰਿੜ ਇੱਛਾ ਅਤੇ ਵਚਨਬੱਧਤਾ ਜ਼ਾਹਰ ਕੀਤੀ। ਉਨ੍ਹਾਂ ਨੇ ਮੌਜੂਦਾ ਮਹਾਂਮਾਰੀ ਖਿਲਾਫ ਸਾਂਝੀ ਜੰਗ ਵਿੱਚ ਸਹਿਯੋਗ ਸਮੇਤ ਦੁਵੱਲੀ ਭਾਈਵਾਲੀ ਦੇ ਜਾਰੀ ਰਹਿਣ ਦੀ ਸ਼ਲਾਘਾ ਕੀਤੀ।

ਪ੍ਰਧਾਨ ਮੰਤਰੀ ਨੇ ਦੋਨਾਂ ਆਗੂਆਂ ਦੀਆਂ ਨਿੱਘੀਆਂ ਸ਼ੁਭ ਕਾਮਨਾਵਾਂ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਭਾਰਤ ਦੀ ਗੁਆਂਢੀ ਪਹਿਲਾਂ ਵਾਲੀ ਨੀਤੀ ਅਨੁਸਾਰ ਦੋਵਾਂ ਦੇਸ਼ਾਂ ਵਿਚਾਲੇ ਭਾਈਵਾਲੀ ਵਧਾਉਣ ਲਈ ਉਨ੍ਹਾਂ ਨਾਲ ਮਿਲ ਕੇ ਕੰਮ ਕਰਨ ਦੀ ਆਸ ਕਰਦੇ ਹਨ।

ਨਵੀਂ ਦਿਲੀ
17 ਸਤੰਬਰ, 2020

DISCLAIMER: This is an approximate translation. The original is available in English on MEA’s website and may be referred to as the official press release.